**Vigilance Bureau Punjab**

## VIGILANCE NABS REVENUE PATWARI IN BRIBERY CASE

Chandigarh, August 10: State Vigilance Bureau nabbed a Revenue Patwari red handed while accepting bribe of Rs. 5,000/-.

Disclosing this here an official spokesperson of the Vigilance Bureau said Varinder Kumar, Patwari posted at Haibowal Kalan in Ludhiana district was nabbed red handed by Vigilance team for accepting bribe of Rs. 5,000 from complainant Paramjeet Singh of Model Town Extension in Ludhiana City.

The Complainant has approached the VB that the accused Patwari was demanding Rs. 6,000 to issue a copy of fard of his plot and the deal was struck at Rs. 5,000/.

After verifying his information, the Vigilance team laid a trap and the accused Patwari was arrested on the spot while accepting bribe of Rs. 5,000/- from the complainant in the presence of two official witnesses

He informed that a case under Prevention of Corruption Act has been registered against the accused at VB police station Ludhiana and further investigations was under progress.

----------------

**ਵਿਜੀਲੈਂਸ ਬਿਓਰੋ ਪੰਜਾਬ**

## ਵਿਜੀਲੈਂਸ ਵਲੋਂ 5000/- ਦੀ ਰਿਸ਼ਵਤ ਲੈਂਦਾ ਪਟਵਾਰੀ ਕਾਬੂ

ਚੰਡੀਗੜ੍ਹ, 10 ਅਗਸਤ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਮਾਲ ਹਲਕਾ ਹੈਬੋਵਾਲ ਕਲਾਂ, ਜਿਲਾ ਲੁਧਿਆਣਾ ਵਿਖੇ ਤਾਇਨਾਤ ਪਟਵਾਰੀ ਵਰਿੰਦਰ ਕੁਮਾਰ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਪਟਵਾਰੀ ਵਰਿੰਦਰ ਕੁਮਾਰ ਨੂੰ ਸ਼ਿਕਾਇਤਕਰਤਾ ਪਰਮਜੀਤ ਸਿੰਘ ਵਾਸੀ ਮਾਡਲ ਟਾਊਨ ਐਕਸਟੈਂਸ਼ਨ, ਲੁਧਿਆਣਾ ਦੀ ਸ਼ਿਕਾਇਤ 'ਤੇ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਨੇ ਉਸ ਦੇ 100 ਗੱਜ ਪਲਾਟ ਦੇ ਫਰਦ ਦੀ ਕਾਪੀ ਜਾਰੀ ਕਰਨ ਬਦਲੇ 6,000 ਰੁਪਏ ਦੀ ਮੰਗ ਕੀਤੀ ਹੈ ਅਤੇ ਸੌਦਾ 5,000/- ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ। ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਲੁਧਿਆਣਾ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

------